ਪ੍ਰੈਸ ਨੋਟ -1
1/20419/2020
ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ
ਸੀ-ਡੈਕ ਈ ਸੰਜੀਵਨੀ ਓਪੀਡੀ ਪ੍ਰਣਾਲੀ ਰਾਹੀਂ ਮੁਫਤ ਡਾਕਟਰੀ ਸਲਾਹ ਦੇਣ ਦੀ ਜ਼ਿਲਾ
ਫਾਜ਼ਿਲਕਾ ਵਿਖੇ ਹੋਈ ਸ਼ੁਰੂਆਤ- ਸਿਵਲ ਸਰਜਨ
*ਸੰਜੀਵਨੀ ਓ.ਪੀ.ਡੀ. ਪ੍ਰਣਾਲੀ ਕਰਫਿਊ ਅਤੇ ਕੋਵਿਡ-19 ਦਰਮਿਆਨ ਮਿਆਰੀ ਡਾਕਟਰੀ ਸਲਾਹ ਅਤੇ ਇਲਾਜ ਦੀ ਸੁਵਿਧਾ ਲਈ ਲਾਹੇਵੰਦ ਸਾਬਿਤ ਹੋਵੇਗੀ-ਡਾ. ਸੁਰਿੰਦਰ
ਫ਼ਾਜ਼ਿਲਕਾ, 26 ਅਪ੍ਰੈਲ
ਸਿਹਤ ਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਸ. ਬਲਬੀਰ ਸਿੰਘ ਸਿੱਧੂ ਅਤੇ ਡਾਇਰੈਕਟਰ ਸਿਹਤ ਵਿਭਾਗ ਦੀਆਂ ਹਦਾਇਤਾਂ ਮੁਤਾਬਕ ਪੰਜਾਬ ਸਰਕਾਰ ਨੇ ਕੋਵਿਡ-19 ਮਹਾਂਮਾਰੀ ਦੇ ਮੱਦੇਨਜ਼ਰ ਸੂਬੇ ਦੇ ਲੋਕਾਂ ਲਈ ਨਿਰਵਿਘਨ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਲੋਕ ਹਿੱਤ ਉਪਰਾਲਾ ਕੀਤਾ ਹੈ। ਪੰਜਾਬ ਸਰਕਾਰ ਨੇ ਸੀ-ਡੈਕ ਮੁਹਾਲੀ ਵਲੋਂ ਵਿਕਸਤ ਏਕੀਕ੍ਰਿਤ ਟੈਲੀਮੇਡੀਸਨਲ ਸਲਿਊਸ਼ਨ, “ਈ-ਸੰਜੀਵਨੀ-ਆਨਲਾਈਨ ਓਪੀਡੀ” (ਡਾਕਟਰ ਤੋਂ ਮਰੀਜ਼ ਤੱਕ) ਦੀ ਸ਼ੁਰੂਆਤ ਕੀਤੀ ਹੈ।
ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ ਸੁਰਿੰਦਰ ਸਿੰਘ ਨੇ ਦੱਸਿਆ ਕਿ ਸਿਹਤ ਮੰਤਰੀ ਸ. ਬਲਬੀਰ ਸਿੰਘ ਸਿੱਧੂ ਨੇ ਇਹ ਉਪਰਾਲਾ ਪੇਂਡੂ ਖੇਤਰਾਂ ਦੇ ਆਮ ਲੋਕਾਂ ਤੱਕ ਵਿਸ਼ੇਸ਼ ਸਿਹਤ ਸੇਵਾਵਾਂ ਨੂੰ ਪਹੁੰਚਾਉਣ ਅਤੇ ਉਨ੍ਹਾਂ ਲੋਕਾਂ ਨੂੰ ਵੱਧ ਤੋਂ ਵੱਧ ਆਨਲਾਈਨ ਓ.ਪੀ.ਡੀ ਦੀਆਂ ਸੇਵਾਵਾਂ ਲੈਣ ਲਈ ਜਾਣਕਾਰੀ ਮੁਹੱਈਆ ਕਰਵਾਉਣ ਤਹਿਤ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਹ ਉਪਰਾਲਾ ਲੋਕਾਂ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਮਾਹਰ ਡਾਕਟਰਾਂ ਦੇ ਨੈਟਵਰਕ ਨਾਲ ਜੁੜਨ ਅਤੇ ਘਰ ਬੈਠੇ ਹੀ ਸਿਹਤ ਸੰਬੰਧੀ ਆਮ ਸਮੱਸਿਆਵਾਂ ਲਈ ਡਾਕਟਰੀ ਇਲਾਜ ਅਤੇ ਸਲਾਹ ਲੈਣ ਲਈ ਪਲੇਟਫਾਰਮ ਪ੍ਰਦਾਨ ਕਰਦਾ ਹੈ।
ਡਾ ਸੁਰਿੰਦਰ ਸਿੰਘ ਨੇ ਦੱਸਿਆ ਕਿ ਸਿਹਤ ਅਤੇ ਤੰਦਰੁਸਤੀ ਕੇਂਦਰਾਂ ਵਿੱਚ ਟੈਲੀਮੇਡਸੀਨ ਸੇਵਾਵਾਂ ਤੋਂ ਇਲਾਵਾ ਪ੍ਰਸ਼ਾਸਨਿਕ ਸੁਧਾਰਾਂ ਅਤੇ ਲੋਕ ਸ਼ਿਕਾਇਤਾਂ ਵਿਭਾਗ ਦੇ ਸਰਗਰਮ ਸਹਿਯੋਗ ਨਾਲ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੇ ਇਸ ਪ੍ਰੋਗਰਾਮ ਨੂੰ ਸੂਬੇ ਭਰ ਵਿੱਚ ਲਾਗੂ ਕੀਤਾ ਹੈ। ਇਸ ਦੁਆਰਾ ਡਾਕਟਰੀ ਸੇਵਾਵਾਂ ਦੀ ਗੁਣਵੱਤਾ ਨੂੰ ਵਧਾਉਣ ਤੋਂ ਇਲਾਵਾ ਬੁਨਿਆਦੀ ਢਾਂਚੇ ਦੀ ਘਾਟ ਅਤੇ ਮਨੁੱਖੀ ਸਰੋਤਾਂ ਦੀ ਘਾਟ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ ਵਿਚ ਸਹਾਈ ਹੋਵੇਗੀ। ਈ-ਸੰਜੀਵਨੀ ਦਾ ਉਦੇਸ਼ ਸ਼ਹਿਰੀ ਤੇ ਪੇਂਡੂ ਅਤੇ ਅਮੀਰ ਬਨਾਮ ਗਰੀਬਾਂ ਵਿਚਕਾਰ ਮੌਜੂਦ ਡਿਜੀਟਲ ਵੰਡ ਨੂੰ ਪੂਰਾ ਕਰਦਿਆਂ ਸਿਹਤ ਸੇਵਾਵਾਂ ਨੂੰ ਬਰਾਬਰ ਬਣਾਉਣਾ ਹੈ। ਉਹਨਾ ਅੱਗੇ ਈ-ਸੰਜੀਵਨੀ ਓਪੀਡੀ ਦੀਆਂ ਪ੍ਰਮੁੱਖ ਵਿਸ਼ੇਸ਼ਤਾਵਾਂ ਉੱਤੇ ਚਾਨਣਾ ਪਾਇਆ ਜਿਸ ਵਿੱਚ ਮਰੀਜ਼ਾਂ ਦੀ ਰਜਿਸਟ੍ਰੇਸ਼ਨ, ਟੋਕਨ ਜਨਰੇਸ਼ਨ, ਕਤਾਰ ਪ੍ਰਬੰਧਨ, ਸਬੰਧਤ ਡਾਕਟਰ ਨਾਲ ਆਡੀਓ-ਵੀਡੀਓ ਮਸ਼ਵਰਾ, ਈ-ਪ੍ਰਸਕ੍ਰਿਪਸ਼ਨ, ਐਸਐਮਐਸ/ ਈਮੇਲ ਨੋਟੀਫਿਕੇਸ਼ਨ ਅਤੇ ਰਾਜ ਦੇ ਡਾਕਟਰਾਂ ਦੁਆਰਾ ਸੇਵਾਵਾਂ (ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਤੋਂ) ਪੂਰੀ ਤਰਾਂ ਮੁਫਤ ਹਨ।
ਉਨ੍ਹਾਂ ਅੱਗੇ ਦੱਸਿਆ ਕਿ ਐਪਲੀਕੇਸ਼ਨ ਵਿੱਚ ਅਣਚਾਹੇ ਤੱਤਾਂ ਵਿਰੁੱਧ ਸੁਰੱਖਿਆ ਦੀ ਇੱਕ ਉੱਚ ਡਿਗਰੀ ਹੈ। ਜ਼ਿਲਾ ਪੱਧਰ ’ਤੇ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਜਾਰੀ ਰੱਖਣ ਲਈ ਜਿਲ੍ਹਾ ਪ੍ਰਸ਼ਾਸਨ ਸੁਧਾਰ ਅਤੇ ਲੋਕ ਸ਼ਿਕਾਇਤ ਵਿਭਾਗ ਨੇ ਜ਼ਿਲੇ ਦੇ ਡਾਕਟਰਾਂ ਦੀਆਂ ਟੀਮਾਂ ਦੀ ਸਹਾਇਤਾ ਲਈ ਜ਼ਿਲਾ ਤਕਨੀਕੀ ਕੋਆਰਡੀਨੇਟਰ (ਡੀਟੀਸੀ) ਜਾਂ ਜ਼ਿਲਾ

ਈਗਵਰਨੈਂਸ ਕੋਆਰਡੀਨੇਟਰ (ਡੀ.ਈ.ਜੀ.ਸੀ) ਨਿਯੁਕਤ ਕੀਤੇ ਹਨ।

ਉਨਾਂ ਦੱਸਿਆ ਕਿ ਪੰਜਾਬ ਵਿੱਚ ਡਾਕਟਰ ਪਿਛਲੇ ਇੱਕ ਦਹਾਕੇ ਤੋਂ ਈ-ਸੰਜੀਵਨੀ (ਡਾਕਟਰ ਤੋਂ ਡਾਕਟਰ) ਪ੍ਰਣਾਲੀ ਦਾ ਇਸਤੇਮਾਲ ਕਰ ਰਹੇ ਹਨ, ਇਸ ਲਈ ਈ-ਸੰਜੀਵਾਨੀ - ਆਨਲਾਈਨ ਓਪੀਡੀ (ਡਾਕਟਰ ਤੋਂ ਮਰੀਜ਼) ਪਲੇਟਫਾਰਮ ਨੂੰ ਅਪਨਾਉਣ ਵਿੱਚ ਉਨਾਂ ਨੂੰ ਬਹੁਤਾ ਸਮਾਂ ਨਹੀਂ ਲਗੇਗਾ। ਉਨਾਂ ਨੇ ਅੱਗੇ ਕਿਹਾ ਕਿ ਇਹ ਤਕਨੀਕ ਸਮਾਜ ਦੇ ਸਾਰੇ ਵਰਗਾਂ ਨੂੰ ਕਰਫਿਊ ਅਤੇ ਕੋਵਿਡ -19 ਮਹਾਂਮਾਰੀ ਦਰਮਿਆਨ ਮਿਆਰੀ ਡਾਕਟਰੀ ਸਲਾਹ ਅਤੇ ਇਲਾਜ ਦੀ ਮੁਹੱਈਆ ਕਰਵਾਉਣ ਵਿਚ ਸਹਾਇਤਾ ਕਰੇਗੀ। ਉਨ੍ਹਾਂ ਜ਼ਿਲਾ ਨਿਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਸਭ ਨੂੰ ਇਸ ਸੇਵਾ ਦਾ ਵਧ ਤੋ ਵਧ ਲਾਭ ਲੈਣਾ ਚਾਹੀਦਾ ਹੈ।

ਜ਼ਿਲਾ ਮਾਸ ਮੀਡੀਆ ਅਫਸਰ ਸ੍ਰੀ ਅਨਿਲ ਧਾਮੂ ਨੇ ਦੱਸਿਆ ਕਿ ਇਹ ਵਿਸ਼ੇਸ਼ਤਾ ਕੋਵਾ ਪੰਜਾਬ ਮੋਬਾਈਲ ਐਪਲੀਕੇਸ਼ਨ ਵਿਚ ਵੀ ਉਪਲਬਧ ਹੈ ਜੋ ਐਂਡਰਾਇਡ ਲਈ ਗੂਗਲ ਪਲੇ ਸਟੋਰ ਤੇ ਅਤੇ ਆਈਓਐਸ ਲਈ ਐਪਲ ਐਪਸਟੋਰ ਤੇ ਉਪਲਬਧ ਹੈ। “ਈ-ਸੰਜੀਵਨੀ-ਓਪੀਡ” ਦੇ ਲਾਭ ਲੈਣ ਲਈ ਮਰੀਜ਼ / ਵਿਅਕਤੀ ਕੋਲ ਇੱਕ ਕੰਪਿਊਟਰ, ਲੈਪਟਾਪ ਜਾਂ ਟੈਬਲੇਟ (ਟੈਬ) ਦੇ ਨਾਲ ਇੱਕ ਵੱਖਰਾ ਜਾਂ ਇਨਬਿਲਟ ਵੈਬਕੈਮ, ਮਾਈਕ, ਸਪੀਕਰ ਅਤੇ ਇੱਕ 2 ਐਮਬੀਪੀਐਸ ਜਾਂ ਤੇਜ਼ ਇੰਟਰਨੈਟ ਕਨੈਕਸ਼ਨ ਹੋਣਾ ਚਾਹੀਦਾ ਹੈ। ਮੁਫਤ ਮੈਡੀਕਲ ਸਲਾਹ ਪ੍ਰਦਾਨ ਕਰਨ ਲਈ ਸ਼ੁਰੂ ਵਿਚ ਰਾਜ ਸਿਹਤ ਵਿਭਾਗ ਦੇ ਡਾਕਟਰਾਂ ਦੀ ਇਕ ਟੀਮ ਸੋਮਵਾਰ ਤੋਂ ਸ਼ਨੀਵਾਰ (ਸਵੇਰੇ 10 ਵਜੇ ਤੋਂ 1 ਵਜੇ ਤੱਕ) ਉਪਲਬਧ ਰਹੇਗੀ ਅਤੇ ਲੋੜ ਪੈਣ ਤੇ ਇਹ ਸਮਰੱਥਾ ਲੋਕਾਂ ਦੇ ਫੀਡਬੈਕ ਦੇ ਆਧਾਰ ਤੇ ਵਧਾਈ ਜਾ ਸਕਦੀ ਹੈ। ਇਹ ਸਹੂਲਤ ਉਨਾਂ ਬਿਮਾਰ ਲੋਕਾਂ ਲਈ ਲਾਭਕਾਰੀ ਹੋਵੇਗੀ ਜੋ ਕੋਵਿਡ -19 ਮਹਾਂਮਾਰੀ ਦੇ ਮੱਦੇਨਜ਼ਰ ਹਸਪਤਾਲਾਂ ਜਾਣ ਤੋਂ ਡਰ ਮਹਿਸੂਸ ਕਰ ਰਹੇ ਹਨ।

ਪ੍ਰੈਸ ਨੋਟ-2

1/20422/2020

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਕੋਰੋਨਾ ਵਾਇਰਸ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੰਡੀਆਂ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਲਈ ਕੀਤੇ ਢੁਕਵੇਂ ਪ੍ਰਬੰਧ

*ਮੰਡੀਆਂ ’ਚ ਸੋਸ਼ਲ ਡਿਸਟੈਂਸਿੰਗ, ਮੂੰਹ ’ਤੇ ਮਾਸਕ ਅਤੇ ਹੱਥਾਂ ਨੂੰ ਸੈਨੇਟਾਈਜ਼ ਕਰਨ ਦੀ ਵਿਵਸਥਾ ਦੇ ਪੁਖਤਾ ਪ੍ਰਬੰਧ-ਕਿਸਾਨ ਵਿਜੈ ਕੁਮਾਰ

*ਮੰਡੀਆਂ ’ਚ ਭੀੜ ਨਾ ਕਰਨ ਦੇ ਮੱਦੇਨਜ਼ਰ ਕਿਸਾਨਾਂ ਨੂੰ ਪਾਸ ਜਾਰੀ ਕਰਨਾ ਸਰਕਾਰ ਦਾ ਸ਼ਲਾਂਘਾਯੋਗ ਕਾਰਜ

* ਕਿਸਾਨ ਵੀਰਾਂ ਲਈ ਪੀਣ ਵਾਲੇ ਪਾਣੀ, ਲੇਬਰ ਤੇ ਬਾਰਦਾਨੇ ਦੀ ਨਹੀਂ ਹੈ ਘਾਟ

ਫ਼ਾਜਿਲਕਾ 26 ਅਪ੍ਰੈਲ

ਕੌਮਾਂਤਰੀ ਮਹਾਂਮਾਰੀ ਨਾਲ ਨਜਿੱਠਣ ਲਈ ਜ਼ਿਲ੍ਹੇ ਅੰਦਰ ਲਗਾਏ ਗਏ ਕਰਫਿਊ ਦੌਰਾਨ ਮੰਡੀਆਂ ਵਿੱਚ ਕਿਸਾਨ ਵੀਰਾਂ ਨੂੰ ਕਣਕ ਦੀ ਖਰੀਦ ਦੌਰਾਨ ਕੋਈ ਦਿੱਕਤ ਨਾ ਆਵੇ, ਇਸ ਲਈ ਰਾਜ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਢੁੱਕਵੇਂ ਪ੍ਰਬੰਧ ਕੀਤੇ ਗਏ ਹਨ। ਮੰਡੀਆਂ ਵਿੱਚ ਇਕੱਠ ਨਾ ਹੋਵੇ ਇਸ ਲਈ ਸੋਸ਼ਲ ਡਿਸਟੈਂਸਿੰਗ, ਮੂੰਹ ’ਤੇ ਮਾਸਕ ਅਤੇ ਸੈਨੇਟਾਈਜੇਸ਼ਨ ਦੀ ਵਿਵਸਥਾ

ਯਕੀਨੀ ਬਣਾਈ ਗਈ ਹੈ ਜੋ ਕਿ ਸਰਕਾਰ ਦਾ ਸ਼ਲਾਂਘਾਯੋਗ ਕਾਰਜ਼ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਬਾਰੇਕਾ ਦੇ ਕਿਸਾਨ ਵਿਜੈ ਕੁਮਾਰ ਨੇ ਫ਼ਾਜ਼ਿਲਕਾ ਮੰਡੀ ਵਿੱਚ ਆਪਣੀ ਫਸਲ ਵੇਚਣ ਮੌਕੇ ਕੀਤਾ।

ਕਿਸਾਨ ਵਿਜੈ ਕੁਮਾਰ ਨੇ ਦੱਸਿਆ ਕਿ ਕੋਰੋਨਾ ਵਾਇਰਸ ਦੀ ਬਿਮਾਰੀ ਦੇ ਫੈਲਾਅ ਨੂੰ ਜ਼ਿਲ੍ਹੇ ਅੰਦਰ ਦਾਖਲ ਹੋਣ ਤੋਂ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਤੇ ਮਾਰਕੀਟ ਕਮੇਟੀ ਵੱਲੋਂ ਮੁਕੰਮਲ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਇਕੱਠ ਨਾ ਹੋਵੇ ਇਸ ਲਈ ਪਾਸ ਜਾਰੀ ਕੀਤੇ ਗਏ ਹਨ ਤਾਂ ਜੋ ਕਿਸਾਨ ਮਿਤੀ ਅਨੁਸਾਰ ਹੀ ਮੰਡੀਆਂ ਵਿੱਚ ਆਪਣੀ ਫਸਲ ਲੈ ਕੇ ਆਉਣ। ਵਿਜੈ ਕੁਮਾਰ ਨੇ ਕਿਹਾ ਕਿ ਮੰਡੀਆਂ ਵਿੱਚ ਆਉਣ ਸਮੇਂ ਹੀ ਉਸਦੇ ਟਰੈਕਟਰ-ਟਰਾਲੀ ਨੂੰ ਸੈਨੇਟਾਈਜ਼ ਕੀਤਾ ਗਿਆ ਅਤੇ ਉਸਦੇ ਹੱਥਾਂ ਨੂੰ ਵੀ ਸੈਨੇਟਾਈਜ਼ ਨਾਲ ਸਾਫ ਕੀਤਾ ਗਿਆ।

ਉਸਨੇ ਕਿਹਾ ਕਿ ਸੋਸ਼ਲ ਡਿਸਟੈਂਸਿੰਗ ਨੂੰ ਯਕੀਨੀ ਬਣਾਉਣ ਲਈ ਮੰਡੀਆਂ ਵਿੱਚ ਖਾਨੇ ਬਣਾਏ ਗਏ ਹਨ ਅਤੇ ਖਾਨੇ ਵਿਚਕਾਰ ਹੀ ਕਣਕ ਦੀ ਢੇਰੀ ਲਗਾਈ ਗਈ ਹੈ। ਉਸਨੇ ਕਿਹਾ ਕਿ ਮੰਡੀ ਵਿੱਚ ਕਿਸਾਨ ਵੀਰਾਂ ਤੇ ਲੇਬਰ ਵੱਲੋਂ ਮੂੰਹ ’ਤੇ ਮਾਸਕ ਜਾਂ ਪਰਨਾ ਆਦਿ ਪਾਇਆ ਹੁੰਦਾ ਹੈ। ਮੰਡੀਆਂ ਵਿੱਚ ਕਿਸਾਨਾਂ ਨੂੰ ਪੀਣ ਵਾਲੇ ਪਾਣੀ, ਲੇਬਰ ਤੇ ਬਾਰਦਾਨੇ ਦੀ ਕੋਈ ਵੀ ਘਾਟ ਨਹੀਂ ਹੈ। ਉਸਨੇ ਕਿਹਾ ਕਿ ਕਣਕ ਮੰਡੀਆਂ ਵਿੱਚ ਲਿਆਉਣ ਸਮੇਂ ਨਾਲੋ-ਨਾਲ ਉਸ ਦੀ ਫਸਲ ਦੀ ਖਰੀਦ ਹੋ ਗਈ।

ਕਿਸਾਨ ਨੇ ਦੱਸਿਆ ਕਿ ਉਹ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਕੀਤੇ ਗਏ ਖਰੀਦ ਪ੍ਰਬੰਧਾਂ ਤੋਂ ਬੇਹਦ ਖੁਸ਼ ਹੈ। ਉਸਨੇ ਹੋਰਨਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਹੈ ਕਿ ਰਾਜ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ ਤਾਂ ਜੋ ਕੋਰੋਨਾ ਵਾਇਰਸ ਦੇ ਪ੍ਰਕੋਪ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਸਨੇ ਕਿਹਾ ਕਿ ਪਾਸ ਮਿਲਣ ’ਤੇ ਹੀ ਮੰਡੀਆਂ ਵਿੱਚ ਆਮਦ ਕੀਤੀ ਜਾਵੇ ਅਤੇ ਫਸਲ ਸੁਕਾ ਕੇ ਹੀ ਮੰਡੀਆਂ ਵਿੱਚ ਲਿਆਂਦੀ ਜਾਵੇ।

ਪ੍ਰੈਸ ਨੋਟ-3

1/20435/2020

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਾਜ਼ਿਲਕਾ

ਬਿਹਾਰ ਸਰਕਾਰ ਤਾਲਾਬੰਦੀ ਕਾਰਨ ਦੂਜੇ ਸੂਬਿਆਂ ਵਿਚ ਫਸੇ ਬਿਹਾਰੀ ਮੂਲ ਦੇ ਲੋੜਵੰਦ ਲੋਕਾਂ ਦੇ ਖਾਤਿਆਂ ਵਿੱਚ ਪ੍ਰਤੀ ਪਰਿਵਾਰ 1000 ਰੁਪਏ ਕਰੇਗੀ ਟਰਾਂਸਫਰ

ਫਾਜ਼ਿਲਕਾ, 26 ਅਪ੍ਰੈਲ

ਵਿਧਾਇਕ ਜਲਾਲਾਬਾਦ ਸ੍ਰੀ ਰਮਿੰਦਰ ਆਵਲਾ ਨੇ ਦੱਸਿਆ ਕਿ ਬਿਹਾਰ ਸਰਕਾਰ ਨੇ ਬਿਹਾਰੀ ਮੂਲ ਦੇ ਮਜਦੂਰਾਂ ਅਤੇ ਲੋੜਵੰਦ ਵਿਅਕਤੀਆਂ, ਜੋ ਦੂਜੇ ਸੂਬਿਆਂ ਵਿੱਚ ਰਹਿੰਦੇ ਹਨ ਜਾਂ ਤਾਲਾਬੰਦੀ ਕਾਰਨ ਦੂਜੇ ਸੂਬਿਆਂ ਵਿੱਚ ਫਸੇ ਹੋਏ ਹਨ, ਦੇ ਬੈਂਕ ਖਾਤੇ ਵਿੱਚ ਪ੍ਰਤੀ ਪਰਿਵਾਰ 1000 ਰੁਪਏ ਦੀ ਦਰ ਨਾਲ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ ਫੰਡ ਟਰਾਂਸਫਰ ਕਰਨ ਦਾ ਫੈਸਲਾ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਇਹ ਯੋਜਨਾ ਸਿਰਫ ਉਨ੍ਹਾਂ ਲਈ ਹੈ ਜੋ ਬਿਹਾਰ ਦੇ ਵਸਨੀਕ ਹਨ ਅਤੇ ਕੋਰੋਨਾ ਵਾਇਰਸ ਕਾਰਨ ਐਲਾਨੀ ਗਈ ਤਾਲਾਬੰਦੀ ਕਾਰਨ ਦੂਜੇ ਸੂਬਿਆਂ ਵਿੱਚ ਫਸੇ ਹੋਏ ਹਨ। ਅਜਿਹੇ ਲੋਕ ਵੈਬਸਾਈਟ .... ’ਤੇ ਆਪਣੇ ਆਪ ਨੂੰ ਰਜਿਸਟਰ

ਕਰ ਸਕਦੇ ਹਨ। ਰਜਿਸਟ੍ਰੇਸ਼ਨ ਲਈ ਲੋੜੀਂਦੇ ਦਸਤਾਵੇਜਾਂ ਵਿਚ ਲਾਭਪਾਤਰੀ ਦੇ ਆਧਾਰ ਕਾਰਡ ਦੀ ਕਾਪੀ, ਲਾਭਪਾਤਰੀ ਦੇ ਨਾਮ ’ਤੇ ਬੈਂਕ ਖਾਤਾ ਸ਼ਾਮਲ ਹੈ ਜੋ ਬਿਹਾਰ ਸੂਬੇ ਦੇ ਬੈਂਕ ਦੀ ਸਾਖਾ ਨਾਲ ਸਬੰਧਤ ਹੋਵੇ।

ਇਸ ਤੋਂ ਇਲਾਵਾ, ਲਾਭਪਾਤਰੀ ਦੀ ਫੋਟੋ (ਸੈਲਫੀ) ਅਧਾਰ ਡਾਟਾਬੇਸ ਵਿਚਲੀ ਫੋਟੋ ਨਾਲ ਮੇਲ ਖਾਂਦੀ ਹੋਣੀ ਚਾਹੀਦੀ ਹੈ ਅਤੇ ਇਕ ਆਧਾਰ ਨੰਬਰ ਨਾਲ ਸਿਰਫ ਇਕ ਰਜਿਸਟ੍ਰੇਸ਼ਨ ਹੋਣੀ ਚਾਹੀਦੀ ਹੈ। ਮੋਬਾਈਲ ਨੰਬਰ ’ਤੇ ਪ੍ਰਾਪਤ ਓਟੀਪੀ ਦੀ ਵਰਤੋਂ ਮੋਬਾਈਲ ਐਪ ’ਤੇ ਕੀਤੀ ਜਾਣੀ ਚਾਹੀਦੀ ਹੈ। ਇਸ ਨਾਲ ਸਬੰਧਤ ਸਹਾਇਤਾ ਸਿਰਫ ਬੈਂਕ ਖਾਤੇ ਵਿੱਚ ਭੇਜੀ ਜਾਏਗੀ।

ਵਿਧਾਇਕ ਜਲਾਲਾਬਾਦ ਨੇ ਦੱਸਿਆ ਕਿ ਹੋਰ ਸਹਾਇਤਾ ਲਈ ਬਿਹਾਰ ਭਵਨ, ਨਵੀਂ ਦਿੱਲੀ ਵਿਖੇ ਹੈਲਪਲਾਈਨ ਨੰਬਰ 011-23792009, 23014326, 23013884 ਹਨ ਜਦਕਿ ਪਟਨਾ ਕੰਟਰੋਲ ਰੂਮ ਦੇ ਨੰਬਰ 0612-2294204, 2294205 ਹਨ।

ਪ੍ਰੈਸ ਨੋਟ-4
1/20437/2020
ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

ਖਰੀਦ ਉਪਰੰਤ ਕਣਕ ਦੀ ਲਿਫਟਿੰਗ ਤੇ ਅਦਾਇਗੀ ’ਚ ਤੇਜੀ ਲਿਆਂਦੀ ਜਾਵੇ-ਡਿਪਟੀ ਕਮਿਸ਼ਨਰ

*ਐਤਵਾਰ ਦੇ ਦਿਨ 35391 ਮੀਟ੍ਰਿਕ ਟਨ ਦੀ ਹੋਈ ਖਰੀਦ

ਫ਼ਾਜ਼ਿਲਕਾ, 26 ਅਪ੍ਰੈਲ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਕਣਕ ਦੀ ਖਰੀਦ ਪ੍ਰਕਿਰਿਆ ਦੇ ਮੱਦੇਨਜ਼ਰ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀਆਂ, ਲੇਬਰ ਯੂਨੀਅਨ, ਆੜ੍ਹਤੀਆ ਐਸੋਸੀਏਸ਼ਨਾਂ ਅਤੇ ਟਰਾਂਸਪੋਰੇਸ਼ਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਸਮੂਹ ਹਾਜਰੀਨ ਨੂੰ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦਿੱਕਤ ਨਾ ਆਉਣ ਦਿੱਤੀ ਜਾਵੇ।

ਡਿਪਟੀ ਕਮਿਸ਼ਨਰ ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਖਰੀਦ ਉਪਰੰਤ ਕਣਕ ਦੀ ਲਿਫਟਿੰਗ ਤੇ ਅਦਾਇਗੀ ’ਚ ਤੇਜੀ ਲਿਆਉਣ ਦੇ ਆਦੇਸ਼ ਦਿੱਤੇ। ਉਨ੍ਹਾਂ ਸਕੱਤਰ ਮਾਰਕੀਟ ਕਮੇਟੀ ਨੂੰ ਹਦਾਇਤ ਕੀਤੀ ਕਿ ਮੰਡੀਆਂ ’ਚ ਕਣਕ ਲਿਆਉਣ ਵਾਲੇ ਕਿਸਾਨਾਂ ਦਾ ਮੰਡੀ ਦੇ ਗੇਟਾਂ ’ਤੇ ਪੂਰਾ ਰਿਕਾਰਡ ਰਜਿਸਟਰ ਵਿੱਚ ਦਰਜ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।

ਉਨ੍ਹਾਂ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਕਿਹਾ ਕਿ ਬਿਨਾਂ ਪਾਸ ਵਾਲੇ ਕਿਸਾਨਾਂ ਨੂੰ ਮੰਡੀਆਂ ਵਿੱਚ ਦਾਖਲ ਨਾ ਹੋਣ ਦਿੱਤਾ ਜਾਵੇ। ਉਨ੍ਹਾਂ ਖਰੀਦ ਪ੍ਰਕਿਰਿਆ ’ਚ ਲੱਗੇ ਸਮੁੱਚੇ ਅਮਲੇ ਨੂੰ ਤਨਦੇਹੀ ਨਾਲ ਡਿਊਟੀ ਨਿਭਾਉਣ ਦੀ ਹਦਾਇਤ ਕੀਤੀ ਤਾਂ ਜੋ ਕਿਸਾਨਾਂ ਨੂੰ ਖਰੀਦ ਸਬੰਧੀ ਕੋਈ ਦਿੱਕਤ ਪੇਸ਼ ਨਾ ਆਵੇ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅੱਜ ਐਤਵਾਰ ਦੇ ਦਿਨ 35339 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਅਤੇ 35391 ਮੀਟ੍ਰਿਕ ਟਨ ਦੀ ਸਰਕਾਰੀ ਏਜੰਸੀਆਂ ਦੁਆਰਾ ਖਰੀਦ ਕੀਤੀ ਗਈ ਹੈ, ਜਿਸ ਵਿਚੋਂ ਪਨਗਰੇਨ ਵੱਲੋਂ 9500 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 2045 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 10117 ਮੀਟ੍ਰਿਕ

ਟਨ, ਪਨਸਪ ਵੱਲੋਂ 8791 ਮੀਟ੍ਰਿਕ ਟਨ ਅਤੇ ਪੰਜਾਬ ਵੇਅਰਹਾਊਸ ਵੱਲੋਂ 4938 ਮੀਟ੍ਰਿਕ ਟਨ ਕਣਕ ਖ਼ਰੀਦੀ ਗਈ ਹੈ।

ਪ੍ਰੈਸ ਨੋਟ ਨੰਬਰ-5

1/20441/2020

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਕੋਵਿਡ-19

ਹੁਣ ਤੱਕ ਲਏ ਗਏ 399 ਸੈਂਪਲਾਂ ’ਚੋਂ 298 ਨੈਗੇਟਿਵ : ਸਿਵਲ ਸਰਜਨ

101 ਸੈਂਪਲਾਂ ਦੀ ਰਿਪੋਰਟ ਪੈਂਡਿੰਗ

ਫ਼ਾਜ਼ਿਲਕਾ, 26 ਅਪ੍ਰੈਲ :

ਸਿਵਲ ਸਰਜਨ ਡਾ. ਸੁਰਿੰਦਰ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਵਲੋਂ ਕੋਵਿਡ-19 ਸਬੰਧੀ ਹੁਣ ਤੱਕ 399 ਸੈਂਪਲ ਲਏ ਗਏ ਹਨ, ਜਿਨ੍ਹਾਂ ਵਿਚੋਂ 298 ਸੈਂਪਲਾਂ ਦੀ ਰਿਪੋਰਟ ਨੈਗੇਟਿਵ ਆਈ ਹੈ, 101 ਸੈਂਪਲਾਂ ਦੀ ਰਿਪੋਰਟ ਅਜੇ ਤੱਕ ਆਉਣੀ ਬਾਕੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਕਰਫਿਊ ਦਾ ਸਖਤੀ ਨਾਲ ਪਾਲਣ ਕਰਨ ਤਾਂ ਜੋ ਕਰੋਨਾ ਵਾਇਰਸ ਦਾ ਪਸਾਰ ਰੋਕਿਆ ਜਾ ਸਕੇ। ਉਨਾਂ ਨੇ ਕਿਹਾ ਕਿ ਸਾਡੇ ਸਭ ਦੇ ਯਤਨਾਂ ਨਾਲ ਹੀ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇਗਾ।

ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਿਹਤ ਵਿਭਾਗ ਦੀ ਸਲਾਹ ਅਨੁਸਾਰ ਉਹ ਆਪਣੇ ਘਰਾਂ ਵਿੱਚ ਹੀ ਰਹਿਣ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਦੇ ਮੈਡੀਕਲ ਸਟੋਰਾਂ ਦੇ ਮਾਲਕਾਂ ਨੂੰ ਖਾਂਸੀ, ਜ਼ੁਕਾਮ, ਬੁਖਾਰ ਦੀ ਦਵਾਈ ਲੈਣ ਵਾਲੇ ਵਿਅਕਤੀਆਂ ਦਾ ਪੂਰਾ ਰਿਕਾਰਡ ਰੱਖਣ ਦੀ ਹਦਾਇਤ ਕੀਤੀ ਗਈ ਹੈ।